**ਆਸਾ ਮਹਲਾ ੧ ॥ ਤਿਤੁ ਸਰਵਰੜੈ ਭਈਲੇ ਨਿਵਾਸਾ ਪਾਣੀ ਪਾਵਕੁ ਤਿਨਹਿ ਕੀਆ ॥ ਪੰਕਜੁ ਮੋਹ ਪਗੁ ਨਹੀ ਚਾਲੈ ਹਮ ਦੇਖਾ ਤਹ ਡੂਬੀਅਲੇ ॥੧॥ ਮਨ ਏਕੁ ਨ ਚੇਤਸਿ ਮੂੜ ਮਨਾ ॥ ਹਰਿ ਬਿਸਰਤ ਤੇਰੇ ਗੁਣ ਗਲਿਆ ॥੧ ॥ ਰਹਾਉ ॥ ਨਾ ਹਉ ਜਤੀ ਸਤੀ ਨਹੀ ਪੜਿਆ ਮੂਰਖ ਮੁਗਧਾ ਜਨਮੁ ਭਇਆ ॥ ਪ੍ਰਣਵਤਿ ਨਾਨਕ ਤਿਨ ਕੀ ਸਰਣਾ ਜਿਨ ਤੂ ਨਾਹੀ ਵੀਸਰਿਆ ॥੨॥੩॥ {ਪੰਨਾ 12}**

ਪਦ ਅਰਥ—ਤਿਤੁ—ਉਸ ਵਿਚ {ਲਫ਼ਜ਼ 'ਤਿਸੁ' ਤੋਂ 'ਤਿਤੁ' ਅਧਿਕਰਨ ਕਾਰਕ, ਇਕ-ਵਚਨ ਹੈ}। ਸਰਵਰੁ—ਤਾਲਾਬ। ਸਰਵਰੜਾ—ਭਿਆਨਕ ਤਾਲਾਬ। ਸਰਵਰੜੈ—ਭਿਆਨਕ ਤਾਲਾਬ ਵਿਚ। ਤਿਤੁ ਸਰਵਰੜੈ—ਉਸ ਭਿਆਨਕ ਸਰ ਵਿਚ। ਭਈਲੇ—ਹੋਇਆ ਹੈ। ਪਾਵਕੁ—ਅੱਗ, ਤਿਸ਼੍ਨਾ ਦੀ ਅੱਗ। ਤਿਨਹਿ—ਉਸ (ਪ੍ਰਭੂ) ਨੇ (ਆਪ ਹੀ)। ਪੰਕ—ਚਿੱਕੜ। ਪੰਕ ਜੁ ਮੋਹ—ਜੋ ਮੋਹ ਦਾ ਚਿੱਕੜ ਹੈ। ਪਗੁ—ਪੈਰ। ਹਮ ਦੇਖਾ—ਸਾਡੇ ਵੇਖਦਿਆਂ ਹੀ, ਸਾਡੇ ਸਾਹਮਣੇ ਹੀ। ਤਹ—ਉਸ (ਸਾਰ) ਵਿਚ। ਡੂਬੀਅਲੇ—ਡੁੱਬ ਗਏ, ਡੁੱਬ ਰਹੇ ਹਨ।1।

ਮਨ—ਹੇ ਮਨ! ਮੂੜ ਮਨਾ—ਹੇ ਮੂਰਖ ਮਨ! ਗਲਿਆ—ਗਲਦੇ ਜਾ ਰਹੇ ਹਨ, ਘਟਦੇ ਜਾ ਰਹੇ ਹਨ।6। ਰਹਾਉ।

ਹਉ—ਮੈਂ। ਜਤੀ—ਕਾਮ-ਵਾਸਨਾ ਨੂੰ ਰੋਕਣ ਦਾ ਜਤਨ ਕਰਨ ਵਾਲਾ। ਸਤੀ—ਉੱਚੇ ਆਚਰਨ ਵਾਲਾ। ਮੁਗਧ—ਮੂਰਖ, ਬੇ-ਸਮਝ। ਜਨਮੁ—ਜੀਵਨ। ਪ੍ਰਣਵਤਿ—ਬੇਨਤੀ ਕਰਦਾ ਹੈ।2।

ਅਰਥ—(ਹੇ ਭਾਈ! ਸਾਡੀ ਜੀਵਾਂ ਦੀ) ਉਸ ਭਿਆਨਕ (ਸੰਸਾਰ-) ਸਰੋਵਰ ਵਿਚ ਵੱਸੋਂ ਹੈ (ਜਿਸ ਵਿਚ) ਉਸ ਪ੍ਰਭੂ ਨੇ ਆਪ ਹੀ ਪਾਣੀ (ਦੇ ਥਾਂ ਤ੍ਰਿਸ਼ਨਾ ਦੀ) ਅੱਗ ਪੈਦਾ ਕੀਤੀ ਹੋਈ ਹੈ (ਅਤੇ ਉਸ ਭਿਆਨਕ ਸਰੀਰ ਵਿਚ) ਜੋ ਮੋਹ ਦਾ ਚਿੱਕੜ ਹੈ (ਉਸ ਵਿਚ ਜੀਵਾਂ ਦਾ) ਪੈਰ ਚੱਲ ਨਹੀਂ ਸਕਦਾ (ਜੀਵ ਮੋਹ ਦੇ ਚਿੱਕੜ ਵਿਚ ਫਸੇ ਪਏ ਹਨ)। ਸਾਡੇ ਸਾਹਮਣੇ ਹੀ (ਅਨੇਕਾਂ ਜੀਵ ਮੋਹ ਦੇ ਚਿੱਕੜ ਵਿਚ ਫਸ ਕੇ) ਉਸ (ਤ੍ਰਿਸ਼ਨਾ-ਅੱਗ ਦੇ ਅਸਗਾਹ ਸਮੁੰਦਰ) ਵਿਚ ਡੁੱਬਦੇ ਜਾ ਰਹੇ ਹਨ।1।

ਹੇ ਮਨ! ਹੇ ਮੂਰਖ ਮਨ! ਤੂੰ ਇੱਕ ਪਰਮਾਤਮਾ ਨੂੰ ਯਾਦ ਨਹੀਂ ਕਰਦਾ। ਤੂੰ ਜਿਉਂ ਜਿਉਂ ਪਰਮਾਤਮਾ ਨੂੰ ਵਿਸਾਰਦਾ ਜਾ ਰਿਹਾ ਹੈਂ, ਤੇਰੇ (ਅੰਦਰੋਂ) ਗੁਣ ਘਟਦੇ ਜਾ ਰਹੇ ਹਨ।1। ਰਹਾਉ।

(ਹੇ ਪ੍ਰਭੂ!) ਨਾਹ ਮੈਂ ਜਤੀ ਹਾਂ, ਨਾਹ ਮੈਂ ਸਤੀ ਹਾਂ, ਨਾਹ ਹੀ ਮੈਂ ਪੜ੍ਹਿਆ ਹੋਇਆ ਹਾਂ, ਮੇਰਾ ਜੀਵਨ ਤਾਂ ਮੂਰਖ ਬੇਸਮਝਾਂ ਵਾਲਾ ਬਣਿਆ ਹੋਇਆ ਹੈ (ਭਾਵ, ਜਤ, ਸਤ ਅਤੇ ਵਿੱਦਿਆ ਇਸ ਤ੍ਰਿਸ਼ਨਾ ਦੀ

ਅੱਗ ਅਤੇ ਮੋਹ ਦੇ ਚਿੱਕੜ ਵਿਚ ਡਿਗਣੋਂ ਬਚਾ ਨਹੀਂ ਸਕਦੇ। ਜੇ ਮਨੁੱਖ ਪ੍ਰਭੂ ਨੂੰ ਭੁਲਾ ਦੇਵੇ, ਤਾਂ ਜਤ ਸਤ ਵਿੱਦਿਆ ਦੇ ਹੁੰਦਿਆਂ ਭੀ ਮਨੁੱਖ ਦੀ ਜ਼ਿੰਦਗੀ ਮਹਾਮੂਰਖਾਂ ਵਾਲੀ ਹੁੰਦੀ ਹੈ)। ਸੋ, ਨਾਨਕ ਬੇਨਤੀ ਕਰਦਾ ਹੈ—(ਹੇ ਪ੍ਰਭੂ! ਮੈਨੂੰ) ਉਹਨਾਂ (ਗੁਰਮੁਖਾਂ) ਦੀ ਸਰਨ ਵਿਚ (ਰੱਖ), ਜਿਨ੍ਹਾਂ ਨੂੰ ਤੂੰ ਨਹੀਂ ਭੁੱਲਿਆ (ਜਿਨ੍ਹਾਂ ਨੂੰ ਤੇਰੀ ਯਾਦ ਨਹੀਂ ਭੁੱਲੀ)।2।3।